ਦੇਵਗੰਧਾਰੀ ਮਹਲਾ ੫ ॥ ਪ੍ਰਭ ਜੀਉ ਪੇਖਉ ਦਰਸੁ ਤੁਮਾਰਾ ॥ ਸੁੰਦਰ ਧਿਆਨੁ ਧਾਰੁ ਦਿਨੁ ਰੈਨੀ ਜੀਅ ਪ੍ਰਾਨ ਤੇ ਪਿਆਰਾ ॥੧॥ ਰਹਾਉ ॥ ਸਾਸਤ੍ਰ ਬੇਦ ਪੁਰਾਨ ਅਵਿਲੋਕੇ ਸਿਮ੍ਰਿਤਿ ਤਤੁ ਬੀਚਾਰਾ ॥ ਦੀਨਾ ਨਾਥ ਪ੍ਰਾਨਪਤਿ ਪੂਰਨ ਭਵਜਲ ਉਧਰਨਹਾਰਾ ॥ ੧॥ ਆਦਿ ਜੁਗਾਦਿ ਭਗਤ ਜਨ ਸੇਵਕ ਤਾ ਕੀ ਬਿਖੈ ਅਧਾਰਾ ॥ ਤਿਨ ਜਨ ਕੀ ਧੂਰਿ ਬਾਛੈ ਨਿਤ ਨਾਨਕੁ ਪਰਮੇਸਰੁ ਦੇਵਨਹਾਰਾ ॥ ੨॥੨੦॥

{ਪੰਨਾ 532}

ਪਦਅਰਥ:- ਪ੍ਰਭ—ਹੇ ਪ੍ਰਭੂ! ਪੇਖਉ—ਪੇਖਉਂ, ਮੈਂ ਵੇਖਦਾ ਰਹਾਂ। ਧਾਰੁ—ਧਾਰਉਂ, ਮੈਂ ਧਰਾਂ। ਰੈਨੀ—ਰਾਤ। ਜੀਅ ਤੇ—ਜਿੰਦ ਨਾਲੋਂ।1। ਰਹਾਉ।

ਅਵਿਲੋਕੇ—ਮੈਂ ਵੇਖ ਲਏ ਹਨ। ਦੀਨਾਨਾਥ—ਹੇ ਦੀਨਾਂ ਦੇ ਨਾਥ! ਪ੍ਰਾਨਪਤਿ—ਹੇ ਜਿੰਦ ਦੇ ਮਾਲਕ! ਭਵਜਲ—ਸੰਸਾਰ-ਸਮੁੰਦਰ। ਉਧਰਨਹਾਰਾ—ਬਚਾਣ ਦੀ ਸਮਰਥਾ ਵਾਲਾ।1।

ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ। ਤਾਕੀ—ਤੱਕੀ ਹੈ। ਬਿਖੈ—ਵਿਸ਼ਿਆਂ ਵਿਚ। ਅਧਾਰਾ—ਓਟ। ਬਾਛੈ—ਮੰਗਦਾ ਹੈ। ਦੇਵਨਹਾਰਾ—ਦੇਣ-ਜੋਗਾ।2।

ਅਰਥ:- ਹੇ ਪ੍ਰਭੂ ਜੀ! (ਮੇਹਰ ਕਰ) ਮੈਂ (ਸਦਾ) ਤੇਰਾ ਦਰਸਨ ਕਰਦਾ ਰਹਾਂ। ਦਿਨ ਰਾਤ ਮੈਂ ਤੇਰੇ ਸੋਹਣੇ ਸਰੂਪ ਦਾ ਧਿਆਨ ਧਰਦਾ ਰਹਾਂ। ਤੇਰਾ ਦਰਸਨ ਮੈਨੂੰ ਆਪਣੀ ਜਿੰਦ ਨਾਲੋਂ ਪ੍ਰਾਣਾਂ ਨਾਲੋਂ ਪਿਆਰਾ ਲੱਗੇ।1। ਰਹਾਉ।

ਹੇ ਦੀਨਾਂ ਦੇ ਨਾਥ! ਹੇ ਮੇਰੀ ਜਿੰਦ ਦੇ ਮਾਲਕ! ਹੇ ਸਰਬ-ਵਿਆਪਕ! ਮੈਂ ਸ਼ਾਸਤ੍ਰ ਵੇਦ ਪੁਰਾਣ ਵੇਖ ਚੁਕਾ ਹਾਂ, ਮੈਂ ਸਿਮ੍ਰਿਤੀਆਂ ਦਾ ਤੱਤ ਭੀ ਵਿਚਾਰ ਚੁਕਾ ਹਾਂ। ਸਿਰਫ਼ ਤੂੰ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਤਾਕਤ ਰੱਖਦਾ ਹੈਂ।1।

ਹੇ ਪ੍ਰਭੂ ਜੀ! ਤੇਰੇ ਭਗਤ ਜਨ ਤੇਰੇ ਸੇਵਕ ਆਦਿ ਤੋਂ ਜੁਗਾਂ ਦੇ ਆਦਿ ਤੋਂ ਵਿਸ਼ੇ-ਵਿਕਾਰਾਂ ਤੋਂ ਬਚਣ ਲਈ ਤੇਰਾ ਹੀ ਆਸਰਾ ਤੱਕਦੇ ਆ ਰਹੇ ਹਨ। ਨਾਨਕ ਉਹਨਾਂ ਭਗਤ ਜਨਾਂ ਦੇ ਪੈਰਾਂ ਦੀ ਖ਼ਾਕ (ਤੈਥੋਂ) ਮੰਗਦਾ ਹੈ, ਤੂੰ ਪਰਮੇਸਰ (ਸਭ ਤੋਂ ਵੱਡਾ ਮਾਲਕ) ਹੀ ਇਹ ਦਾਤਿ ਦੇਣ ਦੀ ਸਮਰਥਾ ਰੱਖਣ ਵਾਲਾ ਹੈਂ।2। 20।